Punjabi - Number 62b
September 2024

# ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ
# Pneumococcal polysaccharide vaccine

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

## ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ ਕੀ ਹੈ?

ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ 23 ਕਿਸਮਾਂ ਦੇ ਨਿਊਮੋਕੋਕਲ ਬੈਕਟੀਰੀਆ ਤੋਂ ਬਚਾਉਂਦੀ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ ਬਚਪਨ ਦੇ ਟੀਕਾਕਰਨਾਂ ਦੀ ਨਿਯਮਤ ਅਨੁਸੂਚੀ ਦਾ ਹਿੱਸਾ ਨਹੀਂ ਹੈ। ਬੱਚਿਆਂ ਲਈ ਰੁਟੀਨ ਨਿਊਮੋਕੋਕਲ ਵੈਕਸੀਨ ਬਾਰੇ ਜਾਣਕਾਰੀ ਲਈ, HealthLinkBC File#62a ਨਿਊਮੋਕੋਕਲ ਕੌਨਜੁਗੇਟ (ਪੀਸੀਵੀ 13) ਵੈਕਸੀਨ 'ਤੇ ਜਾਓ।

## ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਵੈਕਸੀਨ ਉਨ੍ਹਾਂ ਲੋਕਾਂ ਲਈ ਮੁਫ਼ਤ ਹੈ ਜਿਨ੍ਹਾਂ ਨੂੰ ਨਿਊਮੋਕੋਕਲ ਲਾਗਾਂ ਕਰਕੇ ਬਿਮਾਰ ਹੋਣ ਦੇ ਉੱਚ ਜੋਖਮ ਹੈ, ਜਿਸ ਵਿੱਚ ਸ਼ਾਮਲ ਹਨ:

- 65 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਬਾਲਗ
- ਲੌਂਗ ਟਰਮ ਕੇਅਰ ਅਤੇ ਸਹਾਇਤਾ ਪ੍ਰਾਪਤ ਰਿਹਾਇਸ਼ੀ ਸਹੂਲਤਾਂ ਦੇ ਨਿਵਾਸੀ

ਵੈਕਸੀਨ 2 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਹੇਠਾਂ ਦਿੱਤੀਆਂ ਮੈਡੀਕਲ ਸਥਿਤੀਆਂ ਵਾਲੇ ਕਿਸੇ ਵੀ ਵਿਅਕਤੀ ਲਈ ਵੀ ਮੁਫਤ ਹੈ:

- ਤਿੱਲੀ ਨਹੀਂ ਹੈ, ਜਾਂ ਅਜਿਹੀ ਤਿੱਲੀ ਹੈ ਜੋ ਠੀਕ ਤਰ੍ਹਾਂ ਕੰਮ ਨਹੀਂ ਕਰ ਰਹੀ ਹੈ
- ਸਿਕਲ-ਸੈੱਲ ਬੀਮਾਰੀ
- ਇਮਿਊਨ ਸਿਸਟਮ ਜੋ ਬਿਮਾਰੀ ਜਾਂ ਡਾਕਟਰੀ ਇਲਾਜ ਦੁਆਰਾ ਕਮਜ਼ੋਰ ਹੋ ਗਿਆ ਹੈ
- ਸਿਰੋਸਿਸ, ਹੈਪੇਟਾਈਟਸ ਬੀ ਜਾਂ ਹੈਪੇਟਾਈਟਸ ਸੀ ਸਮੇਤ ਜਿਗਰ ਦੀ ਚਿਰਕਾਲੀ ਬਿਮਾਰੀ
- ਗੁਰਦਿਆਂ, ਦਿਲ ਜਾਂ ਫੇਫੜਿਆਂ ਦੀ ਚਿਰਕਾਲੀ ਬਿਮਾਰੀ
- ਆਈਲੇਟ (islet) ਸੈੱਲ ਜਾਂ ਠੋਸ ਅੰਗ ਟ੍ਰਾਂਸਪਲਾਂਟ, ਜਾਂ ਕੋਕਲੀਅਰ (ਇੰਨਰ ਈਅਰ) ਇੰਮਪਲਾਂਟ, ਜਾਂ ਉਸ ਦੀ ਉਡੀਕ ਕਰ ਰਹੇ ਹਨ
- ਸਟੈਮ ਸੈੱਲ ਟ੍ਰਾਂਸਪਲਾਂਟ ਹੋਇਆ ਹੈ
- ਡਾਇਬੀਟੀਜ਼, ਸਿਸਟਿਕ ਫਾਈਬਰੋਸਿਸ ਜਾਂ ਚਿਰਕਾਲੀ ਸੇਰੇਬ੍ਰੋਸਪਾਈਨਲ ਫਲੂਇਡ ਲੀਕ
- ਚਿਰਕਾਲੀ ਤੰਤੂ-ਵਿਗਿਆਨਕ ਸਥਿਤੀ ਜੋ ਮੂੰਹ ਜਾਂ ਗਲੇ ਵਿੱਚੋਂ ਤਰਲ ਪਦਾਰਥਾਂ ਨੂੰ ਸਾਫ਼ ਕਰਨਾ ਮੁਸ਼ਕਲ ਬਣਾਉਂਦੀ ਹੈ
- ਸ਼ਰਾਬ ਦੀ ਵਰਤੋਂ ਸੰਬੰਧੀ ਵਿਗਾੜ
- ਬੇਘਰੇ ਦਾ ਅਨੁਭਵ ਕਰ ਰਿਹਾ ਹੈ
- ਗੈਰ ਕਨੂੰਨੀ ਨਸ਼ੀਲੇ ਪਦਾਰਥ ਵਰਤਣ ਵਾਲੇ ਲੋਕ

ਕੁਝ ਖਾਸ ਮੈਡੀਕਲ ਸਥਿਤੀਆਂ ਵਾਲੇ ਲੋਕਾਂ ਲਈ ਵੈਕਸੀਨ ਦੀ ਦੂਜੀ ਖੁਰਾਕ ਦੀ ਸਿਫ਼ਾਰਸ਼ ਕੀਤੀ ਜਾਂਦੀ ਹੈ। ਇਹ ਪਤਾ ਕਰਨ ਲਈ ਕਿ ਕੀ ਤੁਹਾਨੂੰ ਦੂਜੀ ਖੁਰਾਕ ਦੀ ਲੋੜ ਹੈ ਅਤੇ ਤੁਹਾਨੂੰ ਇਹ ਕਦੋਂ ਲੈਣੀ ਚਾਹੀਦੀ ਹੈ, ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

## ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ ਦੇ ਲਾਭ ਕੀ ਹਨ?

ਵੈਕਸੀਨ ਨਿਊਮੋਕੋਕਲ ਲਾਗ, ਇੱਕ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀ, ਵਿਰੁੱਧ ਰੱਖਿਆ ਕਰਦੀ ਹੈ। ਜਦੋਂ ਤੁਸੀਂ ਆਪਣਾ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਸੁਰੱਖਿਆ ਵਿੱਚ ਵੀ ਮਦਦ ਕਰਦੇ ਹੋ।

## ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਨਿਊਮੋਕੋਕਲ ਬੀਮਾਰੀ ਦਾ ਸ਼ਿਕਾਰ ਹੋਣ ਤੋਂ ਜਿਆਦਾਸੁਰੱਖਿਅਤ ਹੈ।

ਵੈਕਸੀਨ ਪ੍ਰਤੀ ਆਮ ਪ੍ਰਤੀਕਿਰਿਆਵਾਂ ਵਿੱਚ ਵੈਕਸੀਨ ਲਗਾਈ ਜਾਣ ਵਾਲੀ ਥਾਂ 'ਤੇ ਦਰਦ, ਲਾਲੀ ਅਤੇ ਸੋਜ ਸ਼ਾਮਲ ਸਕਦੀ ਹੈੈ। ਹਲਕਾ (ਲੋ ਗ੍ਰੇਡ) ਬੁਖਾਰ ਵੀ ਹੋ ਸਕਦਾ ਹੈ। ਇਹ ਪ੍ਰਤੀਕਿਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮ ਤੌਰ 'ਤੇ 1 ਤੋਂ 2 ਦਿਨਾਂ ਲਈ ਰਹਿੰਦੀਆਂ ਹਨ।

ਰੇਏ ਸਿੰਡਰੋਮ ਬਾਰੇ ਹੋਰ ਜਾਣਕਾਰੀ ਲਈ, ਕਿਰਪਾ ਕਰਕੇ HealthLinkBC File #84 ਰੇਏ ਸਿੰਡਰੋਮ' ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜ਼ਰੂਰੀ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਵੈਕਸੀਨ ਲੈਣ ਵਾਲੇ ਮਿਲੀਅਨ ਲੋਕਾਂ ਵਿੱਚੋਂ 1 ਤੋਂ ਵੀ ਘੱਟ ਲੋਕਾਂ ਵਿੱਚ ਅਜਿਹਾ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲ੍ਹਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ

ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

## ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ ਕਿਸਨੂੰ ਨਹੀਂ ਲਗਵਾਉਣੀ ਚਾਹੀਦੀ ਹੈ?

ਜੇਕਰ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਨਿਊਮੋਕੋਕਲ ਵੈਕਸੀਨ ਦੀ ਪਿਛਲੀ ਖੁਰਾਕ ਜਾਂ ਵੈਕਸੀਨ ਦੇ ਕਿਸੇ ਵੀ ਹਿੱਸੇ ਲਈ ਜਾਨਲੇਵਾ ਪ੍ਰਤੀਕਿਰਿਆ ਹੋਈ ਹੈ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

2 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਨੂੰ ਨਿਊਮੋਕੋਕਲ ਪੌਲੀਸੈਕਰਾਈਡ ਵੈਕਸੀਨ ਨਹੀਂ ਲਗਾਈ ਜਾਣੀ ਚਾਹੀਦੀ ਕਿਉਂਕਿ ਇਹ ਛੋਟੇ ਬੱਚਿਆਂ ਵਿੱਚ ਪ੍ਰਭਾਵਸ਼ਾਲੀ ਨਹੀਂ ਹੈ। ਇਹ ਬੱਚੇ 2 ਮਹੀਨਿਆਂ ਦੀ ਉਮਰ ਤੋਂ ਸ਼ੁਰੂ ਕਰਕੇ ਨਿਊਮੋਕੋਕਲ ਕੌਨਜੁਗੇਟ ਵੈਕਸੀਨ ਪ੍ਰਾਪਤ ਕਰਦੇ ਹਨ।

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

## ਨਿਊਮੋਕੋਕਲ ਲਾਗ ਕੀ ਹੈ?

ਨਿਊਮੋਕੋਕਲ ਇਨਫੈਕਸ਼ਨ *ਸਟ੍ਰੈਪਟੋਕੋਕਸ ਨਿਮੂਨੀਏ* ਬੈਕਟੀਰੀਆ ਕਾਰਨ ਹੁੰਦੀ ਹੈ। ਬੈਕਟੀਰੀਆ ਦਿਮਾਗ ਨੂੰ ਢੱਕਣ ਵਾਲੀ ਪਰਤ ਦੀ ਲਾਗ (ਮੈਨਿਨਜਾਈਟਿਸ), ਖੂਨ ਦੀ ਲਾਗ (ਸੈਪਟੀਸੀਮੀਆ) ਅਤੇ ਫੇਫੜਿਆਂ ਦੀ ਲਾਗ (ਨਮੂਨੀਆ) ਦੇ ਗੰਭੀਰ ਅਤੇ ਜਾਨਲੇਵਾ ਸੰਕਰਮਣਾਂ ਦਾ ਕਾਰਨ ਬਣ ਸਕਦਾ ਹੈ। ਲਾਗ ਦੀਆਂ ਸਥਾਈ ਜਟਿਲਤਾਵਾਂ ਵਿੱਚ ਦਿਮਾਗ ਨੂੰ ਨੁਕਸਾਨ ਅਤੇ ਬੋਲ਼ਾਪਣ ਸ਼ਾਮਲ ਹੈ। ਨਿਊਮੋਕੋਕਲ ਮੈਨਿਨਜਾਈਟਿਸ ਦੇ ਹਰ 20 ਕੇਸਾਂ ਲਈ, 5 ਲੋਕਾਂ ਤੱਕ ਦੀ ਮੌਤ ਹੋਵੇਗੀ।

ਨਿਊਮੋਕੋਕਲ ਲਾਗ ਖੰਘਣ, ਛਿੱਕਣ ਜਾਂ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਆਹਮੋ-ਸਾਹਮਣੇ ਦੇ ਨਜ਼ਦੀਕੀ ਸੰਪਰਕ ਦੁਆਰਾ ਫੈਲਦੀ ਹੈ। ਇਹ ਥੁੱਕ ਰਾਹੀਂ ਵੀ ਫੈਲ ਸਕਦੀ ਹੈ। ਉਦਾਹਰਨ ਲਈ, ਚੁੰਮਣ ਰਾਹੀਂ, ਜਾਂ ਭੋਜਨ, ਪੀਣ ਵਾਲੇ ਪਦਾਰਥ, ਸਿਗਰੇਟ, ਲਿਪਸਟਿਕਾਂ, ਪਾਣੀ ਦੀਆਂ ਬੋਤਲਾਂ, ਅਤੇ ਖੇਡਾਂ ਲਈ ਵਰਤੇ ਜਾਂਦੇ ਮਾਊਥ ਗਾਰਡ ਜਾਂ ਸੰਗੀਤ ਦੇ ਯੰਤਰਾਂ ਦੇ ਮੂੰਹ ਦੇ ਟੁਕੜਿਆਂ ਨੂੰ ਸਾਂਝਾ ਕਰਕੇ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਤਾ-ਪਿਤਾ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਨ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਬੱਚੇ, ਜੋ ਹਰੇਕ ਟੀਕੇ ਦੇ ਲਾਭਾਂ ਅਤੇ ਸੰਭਾਵਿਤ ਪ੍ਰਤੀਕ੍ਰਿਆਵਾਂ ਅਤੇ ਟੀਕਾਕਰਨ ਨਾ ਹੋਣ ਦੇ ਜੋਖਮ ਨੂੰ ਸਮਝ ਸਕਦੇ ਹਨ, ਕਾਨੂੰਨੀ ਤੌਰ 'ਤੇ ਟੀਕਾਕਰਨ ਲਈ ਸਹਿਮਤੀ ਦੇ ਸਕਦੇ ਹਨ ਜਾਂ ਇਨਕਾਰ ਕਰ ਸਕਦੇ ਹਨ।

ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ 'ਤੇ ਜਾਓ।

BC Centre for Disease Control
Provincial Health Services Authority